ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਗ੍ਰਾਮੀਣ ਅਵਾਸ ਯੋਜਨਾ ਤਹਿਤ 5248 ਲਾਭਪਾਤਰੀਆਂ ਦੇ ਕੱਚੇ ਮਕਾਨਾਂ ਨੂੰ ਕੀਤਾ ਜਾਵੇਗਾ ਪੱਕਾ-ਏ.ਡੀ.ਸੀ.

### ਖੁੱਲ੍ਹੇ 'ਚ ਸ਼ੋਚ ਜਾਣ ਤੋਂ ਮੁਕਤ ਕਰਵਾਉਣ ਹਿੱਤ ਲਾਭਪਾਤਰੀਆਂ ਨੂੰ ਬਣਾ ਕੇ ਦਿੱਤੇ ਜਾਣਗੇ ਪਖਾਣੇ

### ਲਾਭਪਾਤਰੀਆਂ ਨੂੰ ਬਿਜਲੀ ਤੇ ਗੈਸ ਕੁਨੈਕਸ਼ਨ ਵੀ ਕਰਵਾਏ ਜਾਣਗੇ ਮੁਹੱਈਆ

### ਤਿੰਨ ਕਿਸ਼ਤਾਂ 'ਚ ਮੁਹੱਈਆ ਕਰਵਾ ਕੇ ਦਿੱਤੀ ਜਾਵੇਗੀ ਰਾਸ਼ੀ

ਫਾਜ਼ਿਲਕਾ 28 ਅਕਤੂਬਰ

ਪ੍ਰਧਾਨ ਮੰਤਰੀ ਗ੍ਰਾਮੀਣ ਅਵਾਸ ਯੋਜਨਾ ਤਹਿਤ ਸਰਕਾਰ ਵੱਲੋਂ ਪਿੰਡਾਂ ਦੇ ਕੱਚੇ ਮਕਾਨਾਂ ਨੂੰ ਪੱਕੇ ਬਣਾ ਕੇ ਦਿੱਤਾ ਜਾਣਗੇ। ਇਸ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਨੂੰ ਪਖਾਣੇ ਵੀ ਬਣਾ ਕੇ ਦਿੱਤੇ ਜਾਣਗੇ। ਇਸ ਤੋਂ ਇਲਾਵਾ ਲਾਭਪਾਤਰੀਆਂ ਨੂੰ ਬਿਜਲੀ ਤੇ ਗੈਸ ਕੁਨੈਕਸ਼ਨ ਵੀ ਦਿੱਤੇ ਜਾਣਗੇ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ(ਵਿਕਾਸ) ਸ੍ਰੀ ਰਣਬੀਰ ਸਿੰਘ ਮੁੱਧਲ ਨੇ ਜ਼ਿਲ੍ਹੇ ਦੇ ਪਿੰਡ ਆਲਮਸ਼ਾਹ 'ਚ ਪੈਂਦੀ ਢਾਣੀ ਅਮਰਪੁਰਾ ਦੇ ਇਕ ਲਾਭਪਾਤਰੀ ਦੇ ਕੱਚੇ ਮਕਾਨ ਨੂੰ ਪੱਕਾ ਕਰਨ ਦੀ ਸ਼ੁਰੂਆਤ ਕਰਨ ਮੌਕੇ ਦਿੱਤੀ।

ਵਧੀਕ ਡਿਪਟੀ ਕਮਿਸ਼ਨਰ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਲ 2011 'ਚ ਜ਼ਿਲ੍ਹੇ ਦੇ ਪਿੰਡਾਂ ਦਾ ਸਰਵੇ ਕੀਤਾ ਗਿਆ ਸੀ ਜਿਸ ਵਿੱਚ 5248 ਲਾਭਪਾਤਰੀ ਯੋਗ ਪਾਏ ਗਏ ਸਨ। ਇਸ ਯੋਜਨਾ ਤਹਿਤ ਕੱਚੇ ਮਕਾਨਾਂ ਨੂੰ ਪੱਕੇ ਕਰਨ ਦੀ ਸ਼ੁਰੂਆਤ ਢਾਣੀ ਅਮਰਪੁਰਾ ਦੇ ਲਾਭਪਾਤਰੀ ਮੱਖਣ ਸਿੰਘ ਤੋਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਲਾਭਪਾਤਰੀਆਂ ਨੂੰ ਪੱਕੇ ਮਕਾਨ ਬਣਾਉਣ ਲਈ 1 ਲੱਖ 20 ਹਜ਼ਾਰ ਰੁਪਏ ਦੀ ਰਾਸ਼ੀ ਤਿੰਨ ਕਿਸ਼ਤੀਆਂ 'ਚ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜੇਕਰ ਲਾਭਪਾਤਰੀ ਖੁਦ ਮਕਾਨ ਦਾ ਕੰਮ ਸ਼ੁਰੂ ਕਰਦਾ ਹੈ ਤਾਂ ਉਸ ਨੂੰ ਮਗਨਰੇਗਾ ਫੰਡ ਵਿੱਚੋਂ 21 ਹਜ਼ਾਰ ਦੀ ਰਾਸ਼ੀ ਮੁਹੱਈਆ ਕਰਵਾਈ ਜਾਵੇਗੀ।

ਵਧੀਕ ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ ਪੰਡਿਤ ਦੀਨ ਦਿਆਲ ਉਪਾਧਅ ਯੋਜਨਾ ਤਹਿਤ ਲਾਭਪਾਤਰੀਆਂ ਨੂੰ ਬਿਜਲੀ ਕੁਨੈਕਸ਼ਨ ਵੀ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਉਜਵਲਾ ਸਕੀਮ ਤਹਿਤ ਲਾਭਪਾਤਰੀਆਂ ਨੂੰ ਗੈਸ ਕੁਨੇਕਸ਼ਨ ਵੀ ਦਿੱਤੇ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਪੱਕੇ ਮਕਾਨਾਂ 'ਚ ਰਹਿਣ ਵਾਲੇ ਲਾਭਪਾਤਰੀਆਂ ਨੂੰ ਪਾਣੀ ਦੇ ਕੁਨੈਕਸ਼ਨ ਵੀ ਮੁਹੱਈਆ ਕਰਵਾਏ ਜਾਣਗੇ।

ਇਸ ਮੌਕੇ ਐਸ.ਡੀ.ਓ ਪੰਚਾਇਤੀ ਰਾਜ ਸ. ਸਾਹਬ ਸਿੰਘ, ਜ਼ਿਲ੍ਹਾ ਮਗਨਰੇਗਾ ਕੁਆਡੀਨੇਟਰ ਸ੍ਰੀ ਅਤੁਲ ਮੋਂਗਾ, ਪਿੰਡ ਦੇ ਸਰਪੰਚ ਸ. ਬਲਵਿੰਦਰ ਸਿੰਘ ਤੇ ਪਿੰਡ ਵਾਸੀ ਮੌਜੂਦ ਸਨ।

